# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-03-2024**

ਭਾਰਤ ਚੋਣ ਕਮਿਸ਼ਨ ਵਲੋਂ ਦੇਸ਼ ਵਿਚ ਲੋਕਸਭਾ ਚੋਣਾਂ 2024 ਦਾ ਐਲਾਨ ਭਲਕੇ 16 ਮਾਰਚ ਨੂੰ ਕੀਤਾ ਜਾਵੇਗਾ। ਚੋਣ ਕਮਿਸ਼ਨ ਦੇ ਇਕ ਬੁਲਾਰੇ ਨੇ ਅੱਜ ਨਵੀਂ ਦਿੱਲੀ ਵਿਚ ਦੱਸਿਆ ਕਿ ਇਸ ਲਈ ਭਾਰਤ ਚੋਣ ਕਮਿਸ਼ਨ ਵਲੋਂ ਕੱਲ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿਚ ਬਾਅਦ ਦੁਪਹਿਰ ਤਿੰਨ ਵਜੇ ਇਕ ਪ੍ਰੈਸ ਕਾਨਫਰੰਸ ਸੱਦੀ ਗਈ ਏ ਜਿਸ ਦੌਰਾਨ ਚੋਣਾਂ ਦੀਆਂ ਤਰੀਕਾਂ ਸੰਬੰਧੀ ਜਾਣਕਾਰੀ ਦਿੱਤੀ ਜਾਵੇਗੀ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪ੍ਰਧਾਨ ਮੰਤਰੀ-ਸਵਨਿਧੀ ਯੋਜਨਾ ਸੜਕ ਵਿਕਰੇਤਾਵਾਂ ਲਈ ਜੀਵਨ ਰੇਖਾ ਸਾਬਤ ਹੋਈ ਏ। ਕੱਲ੍ਹ ਦਿੱਲੀ ਵਿੱਚ ਪ੍ਰਧਾਨ ਮੰਤਰੀ ਸਵਾਨਿਧੀ ਲਾਭਪਾਤਰੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਇੱਕ ਲੱਖ ਸਟਰੀਟ

ਵੈਂਡਰਾਂ ਨੂੰ ਕਰਜ਼ੇ ਵੰਡੇ ਗਏ ਨੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਲੋਕਾਂ ਨੇ ਕੋਵਿਡ ਦੌਰਾਨ ਸਟ੍ਰੀਟ ਵਿਕਰੇਤਾਵਾਂ ਦੀ ਤਾਕਤ ਦੇਖੀ ਏ।

---------------------------------------------------------------

ਦੇਸ਼ ਵਿਚ ਪੈਟਰੋਲ ਤੇ ਡੀਜ਼ਲ ਦੋ ਰੁਪਏ ਪ੍ਰਤੀ ਲੀਟਰ ਸਸਤਾ ਹੋ ਗਿਆ ਏ। ਨਵੀਆਂ ਦਰਾਂ ਅੱਜ ਸਵੇਰੇ 6 ਵਜੇ ਤੋਂ ਲਾਗੂ ਹੋ ਗਈਆਂ ਨੇ। ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਨੇ ਕਿਹਾ ਕਿ ਇਸ ਨਾਲ ਖਪਤਕਾਰਾਂ ਦੀ ਖਰਚ ਸ਼ਕਤੀ ਵਧੇਗੀ ਅਤੇ ਡੀਜ਼ਲ 'ਤੇ ਚੱਲਣ ਵਾਲੇ 58 ਲੱਖ ਭਾਰੀ ਵਾਹਨਾਂ, 6 ਕਰੋੜ ਕਾਰਾਂ ਅਤੇ 27 ਕਰੋੜ ਦੋਪਹੀਆ ਵਾਹਨਾਂ ਦੇ ਸੰਚਾਲਨ ਖਰਚੇ ਘਟਣਗੇ।

---------------------------------------------------------------

ਕੇਂਦਰੀ ਵਣਜ ਤੇ ਉਦਯੋਗ ਰਾਜ ਮੰਤਰੀ ਸੋਮ ਪ੍ਰਕਾਸ਼ ਨੇ ਪੰਜਾਬ ਕੇਂਦਰੀ ਯੂਨੀਵਰਸਿਟੀ ਬਠਿੰਡਾ ਵਿਖੇ ਕਲ ਪ੍ਰਬੰਧਕੀ ਬਲਾਕ ਅਤੇ ਕੇਂਦਰੀ ਲਾਇਬ੍ਰੇਰੀ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਆਪਣੇ ਸੰਬੋਧਨ ਵਿਚ ਸੋਮ ਪ੍ਰਕਾਸ਼ ਨੇ ਯੂਨੀਵਰਸਿਟੀ ਦੇ ਨੈਕ ਏ ਪਲੱਸ ਗ੍ਰੇਡ ਅਤੇ ਐਨ ਆਈ ਆਰ ਐਫ ਅਨੁਸਾਰ ਭਾਰਤ ਵਿਚ ਚੋਟੀ ਦੀਆਂ 100 ਯੂਨੀਵਰਸਿਟੀਆਂ

ਵਿਚ ਸਥਾਨ ਪ੍ਰਾਪਤ ਕਰਨ ਦੀ ਸ਼ਾਨਦਾਰ ਉਪਲੱਬਧੀ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਾਡੀ ਨੌਜਵਾਨ ਪੀੜ੍ਹੀ ਵਿਚ ਕਾਬਲੀਅਤ ਦੀਆਂ ਅਸੀਮ ਸੰਭਾਵਾਨਾਵਾਂ ਨੇ, ਜਿਨ੍ਹਾਂ ਨਾਲ ਪ੍ਰਧਾਨ ਮੰਤਰੀ ਦੇ ਸੁਪਨੇ ਨੂੰ ਆਸਾਨੀ ਨਾਲ ਪੂਰਾ ਕੀਤਾ ਜਾ ਸਕਦਾ ਏ। ਵਾਈਸ ਚਾਂਸਲਰ ਪ੍ਰੋ. (ਡਾ.) ਰਾਘਵੇਂਦਰ ਪ੍ਰਸਾਦ ਤਿਵਾੜੀ ਨੇ ਆਪਣੇ ਸੰਬੋਧਨ ਵਿਚ ਕੇਂਦਰੀ ਮੰਤਰੀ ਦਾ ਸਵਾਗਤ ਕੀਤਾ ਅਤੇ ਕੋਈ 36 ਕਰੋੜ ਦੀ ਅਨੁਮਾਨੀ ਲਾਗਤ ਨਾਲ ਤਿਆਰ ਹੋਣ ਵਾਲੀਆਂ ਇਹਨਾਂ ਇਮਾਰਤਾਂ ਨੂੰ ਯੂਨੀਵਰਸਿਟੀ ਦੇ ਵਿਕਾਸ ਵਿਚ ਮਹੱਤਵਪੂਰਨ ਕਦਮ ਦੱਸਿਆ। ਸਿਰਫ 15 ਸਾਲ ਪਹਿਲਾਂ ਹੋਂਦ ਵਿੱਚ ਆਈ ਯੂਨੀਵਰਸਿਟੀ ਦੀਆਂ ਗੌਲਣਯੋਗ ਪ੍ਰਾਪਤੀਆਂ ਤੇ ਚਾਨਣਾ ਪਾਉਂਦੀਆਂ ਉਨਾਂ ਕਿਹਾ ਕਿ ਪ੍ਰਧਾਨ ਮੰਤਰੀ ਦੀ ਦ੍ਰਿਸ਼ਟੀ ਅਨੁਸਾਰ ਯੂਨੀਵਰਸਿਟੀ ਖੋਜ ਤੇ ਤਕਨੀਕੀ ਹੁਨਰ ਵਿਚ ਉਚ ਸਮਰੱਥਾ ਵਾਲੇ ਨੌਜਵਾਨ ਦਿਮਾਗਾਂ ਨੂੰ ਸਿਖਲਾਈ ਦੇਣ ਲਈ ਵਚਨਬੱਧ ਏ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਦਾ ਟੀਚਾ ਪ੍ਰਧਾਨ ਮੰਤਰੀ ਵਲੋਂ ਕਲਪਿਤ 'ਵਿਕਸਿਤ ਭਾਰਤ 2047' ਦੀ ਦ੍ਰਿਸ਼ਟੀ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਦੇ ਯੋਗ ਬਣਾਉਣਾ ਮਿਥਿਆ ਗਿਆ ਏ।

-------------------------------------------------------------------

ਚੋਣਾਂ ਵਿੱਚ ਨੌਜਵਾਨਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ, ਦੇਸ਼ ਭਰ ਦੀਆਂ ਉੱਚ ਵਿਦਿਅਕ ਸੰਸਥਾਵਾਂ ਵਿੱਚ ਇੱਕ ਵਿਆਪਕ ਵੋਟਰ ਜਾਗਰੂਕਤਾ ਮੁਹਿੰਮ - 'ਮੇਰਾ ਪਹਿਲਾ ਵੋਟ ਦੇਸ਼ ਕੇ ਲਿਏ' ਚਲਾਈ ਜਾ ਰਹੀ ਏ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਨੌਜਵਾਨ ਵੋਟਰਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰਨਾ ਅਤੇ ਦੇਸ਼ ਦੇ ਵੱਡੇ ਭਲੇ ਲਈ ਵੋਟ ਦੀ ਮਹੱਤਤਾ ਨੂੰ ਦੱਸਣਾ ਏ। ਇਸੇ ਸਿਲਸਿਲੇ ਵਿਚ ਤਲਵੰਡੀ ਸਾਬੋ ਸਥਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੁਰਿੰਦਰਜੀਤ ਕੌਰ ਨੇ ਨੌਜਵਾਨ ਵੋਟਰਾਂ ਨੂੰ ਵੋਟ ਪਾਉਣ ਬਾਰੇ ਅਪੀਲ ਕੀਤੀ।

-------------------------------------------------------------------

ਆਕਾਸ਼ਵਾਣੀ ਦੇ ਨਿਊਜ਼ ਸਰਵਿਸਿਜ਼ ਡਿਵੀਜ਼ਨ ਨੇ ਦੇਸ਼ ਭਰ ਵਿੱਚ ਆਪਣੀਆਂ ਵੱਖ-ਵੱਖ ਖੇਤਰੀ ਨਿਊਜ਼ ਯੂਨਿਟਾਂ ਵਿੱਚ ਫੁੱਲ-ਟਾਈਮ ਕੰਟਰੈਕਟ ਆਧਾਰ 'ਤੇ ਕਾਰਜਕਾਰੀ ਸੰਪਾਦਕ ਅਤੇ ਨਿਊਜ਼ ਰੀਡਰ ਕਮ ਅਨੁਵਾਦਕ ਵਜੋਂ ਕੰਮ ਕਰਨ ਲਈ ਤਜਰਬੇਕਾਰ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਨੇ। ਇਸ ਵਿੱਚ ਪੰਜਾਬੀ ਭਾਸ਼ਾ ਲਈ ਅਰਜੀਆਂ ਵੀ

ਸ਼ਾਮਲ ਨੇ। ਇਸ ਸੰਬੰਧੀ ਵੇਰਵਾ news on air. gov.in ਸਲੈਸ਼ vacancies 'ਤੇ ਉਪਲਬਧ ਏ। ਅਰਜ਼ੀਆਂ ਭੇਜਣ ਦੀ ਆਖਰੀ ਤਰੀਕ 19 ਮਾਰਚ ਏ।

---------------------------------------------------------------

ਟੂ ਪੰਜਾਬ ਐੱਨਸੀਸੀ ਬਟਾਲੀਅਨ ਜਲੰਧਰ ਵੱਲੋਂ ਭਾਰਤੀ ਸੈਨਾਵਾਂ ਵਿੱਚ ਕਮਿਸ਼ਨ ਪ੍ਰਾਪਤੀ ਦੇ ਮੌਕੇ ਅਤੇ ਅਗਨੀਵੀਰ ਭਰਤੀ ਪ੍ਰਕਿਰਿਆ ਸਬੰਧੀ ਦੁਆਬਾ ਕਾਲਜ ਜਲੰਧਰ ਵਿੱਚ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਦੇ ਮੁੱਖ ਮਹਿਮਾਨ ਕਮਾਂਡ ਅਧਿਕਾਰੀ ਕਰਨਲ ਵਿਨੋਦ ਜੋਸ਼ੀ ਨੇ ਥਲ ਸੈਨਾ, ਜਲ ਸੈਨਾ ਅਤੇ ਹਵਾਈ ਸੈਨਾ ਵਿੱਚ ਕਮਿਸ਼ਨ ਪ੍ਰਾਪਤੀ ਦੇ ਮੌਕੇ ਅਤੇ ਇਸ ਲਈ ਤਿਆਰੀ ਕਰਨ ਦੇ ਤਰੀਕਿਆਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸੈਨਾ ਸਿਰਫ ਸਰਹੱਦਾਂ ਤੇ ਹੀ ਦੇਸ਼ ਦੀ ਰਾਖੀ ਹੀ ਨਹੀਂ ਕਰਦੀ ਸਗੋਂ ਕੁਦਰਤੀ ਆਫ਼ਤ ਸਮੇਂ ਵੀ ਅੱਗੇ ਹੋ ਕੇ ਮਦਦ ਕਰਦੀ ਏ ਅਤੇ ਰਾਸ਼ਟਰ ਨਿਰਮਾਣ ਵਿੱਚ ਸੈਨਾ ਦੀ ਮੱਹਤਵਪੂਰਨ ਭੂਮਿਕਾ ਏ। ਕਰਨਲ ਜੋਸ਼ੀ ਨੇ ਯੂ.ਪੀ.ਐਸ.ਸੀ.ਦੇ ਪੇਪਰ ਦੇ ਪੈਟਰਨ ਨਾਲ ਸਬੰਧਤ ਵਿਦਿਆਰਥੀਆਂ ਦੇ

ਕਈ ਸਵਾਲਾਂ ਦੇ ਜੁਆਬ ਦਿੱਤੇ। ਇਸ ਮੌਕੇ ਪ੍ਰਿੰਸੀਪਲ ਪ੍ਰਦੀਪ ਭੰਡਾਰੀ ਨੇ ਵੀ ਵਿਦਿਆਰਥੀਆਂ ਨਾਲ ਆਪਣੇ ਤਜਰਬੇ ਸਾਂਝੇ ਕੀਤੇ। ਇਸ ਤੋਂ ਪਹਿਲਾਂ ਲੈਫਟੀਨੈਂਟ ਰਾਹੁਲ ਭਾਰਦਵਾਜ ਨੇ ਕਾਲਜ ਦੇ ਪ੍ਰਿੰਸੀਪਲ ਅਤੇ ਹੋਰ ਸਟਾਫ਼ ਮੈਂਬਰਾਂ ਵਲੋਂ ਬਟਾਲੀਅਨ ਅਧਿਕਾਰੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ।